ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਵਿਧਾਇਕ ਨਾਗਰਾ ਨੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਰੇਲਵੇ ਸਟੇਸ਼ਨ ਹੁੰਦੀ ਹੋਈ ਜ਼ਿਲ੍ਹਾ ਹਸਪਤਾਲ ਤੱਕ ਜਾਂਦੀ ਸੜਕ ਦੀ ਵਿਸ਼ੇਸ਼ ਰਿਪੇਅਰ ਦਾ ਜਾਇਜ਼ਾ ਲਿਆ

ਕਰੀਬ 65 ਲੱਖ ਰੁਪਏ ਦੀ ਲਾਗਤ ਨਾਲ ਕੀਤੀ ਜਾ ਰਹੀ ਹੈ ਸੜਕ ਦੀ ਵਿਸ਼ੇਸ਼ ਰਿਪੇਅਰ

ਸੜਕ ਦੇ ਨਿਰਮਾਣ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਨੇ ਸਾਰੀਆਂ ਸਾਵਧਾਨੀਆਂ

ਫਤਹਿਗੜ੍ਹ ਸਾਹਿਬ, 20 ਮਈ

ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਰੇਲਵੇ ਸਟੇਸ਼ਨ ਫਤਹਿਗੜ੍ਹ ਸਾਹਿਬ ਹੁੰਦੀ ਹੋਈ ਜ਼ਿਲ੍ਹਾ ਹਸਪਤਾਲ ਤੱਕ ਜਾਂਦੀ ਕਰੀਬ 01 ਕਿਲੋਮੀਟਰ ਲੰਮੀ ਅਤੇ 22 ਫੁੱਟ ਚੌੜੀ ਸੜਕ ਦੀ ਕਰੀਬ 65 ਲੱਖ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਮੁਰੰਮਤ ਅਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਸ ਸੜਕ ਦੀ ਵਿਸੇਸ਼ ਮੁਰੰਮਤ ਹੋਣ ਨਾਲ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋ ਰਹੀ ਹੈ ਅਤੇ ਲੋਕਾਂ ਦੀਆਂ ਆਵਾਜਾਈ ਸਬੰਧੀ ਮੁਸ਼ਕਲਾਂ ਹੱਲ ਹੋਣਗੀਆਂ।
ਸ.ਨਾਗਰਾ ਨੇ ਦੱਸਿਆ ਕਿ ਸ਼ਹੀਦੀ ਸਭਾ ਦੌਰਾਨ ਵੀ ਇਹ ਸੜਕ ਅਹਿਮ ਸੜਕ ਦੀ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਕਾਰਜ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਨੇ ਲੋਕਾ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਇਸ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।
ਸ.ਨਾਗਰਾ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਲੋਕਾਂ ਦੇ ਸਹਿਯੋਗ ਨਾਲ ਕੋਰੋਨਾ ਖਿਲਾਫ ਜੰਗ ਲੜ ਰਹੀ ਹੈ। ਉੱਥੇ ਵਿਕਾਸ ਦੇ ਕਾਰਜ ਵੀ ਨਾਲੋ ਨਾਲ ਜਾਰੀ ਹਨ ਅਤੇ ਹਲਕੇ ਦੇ ਵਿਕਾਸ ਵਿੱਚ ਕਿਸੇ ਵੀ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਐਕਸੀਅਨ ਦਵਿੰਦਰ ਕੁਮਾਰ,ਐਸ.ਡੀ.ਓ. ਮਨਦੀਪ ਸਿੰਘ ਅਤੇ ਜੇ.ਈ. ਸੁਰਜਨ ਸਿੰਘ ਹਾਜ਼ਰ ਸਨ।

ਫੋਟੋ ਕੈਪਸ਼ਨ : ਵਿਧਾਇਕ ਕੁਲਜੀਤ ਸਿੰਘ ਨਾਗਰਾ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਜਾਇਜ਼ਾ ਲੈਂਦੇ ਹੋਏ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਈ-ਸੰਜੀਵਨੀ ਨਾਲ ਆਨ ਲਾਈਨ ਓ.ਪੀ.ਡੀ. ਦੀ ਸਹੂਲਤ ਦਾ ਲਾਹਾ ਲੈਣ ਦੀ ਅਪੀਲ

ਕੋਵਿਡ-19 ਦੇ ਮੱਦੇਨਜ਼ਰ ਲੋਕਾਂ ਨੂੰ ਨਿਰਵਿਘਨ ਸਿਹਤ ਸੇਵਾਵਾਂ ਦੇਣ ਨੂੰ ਯਕੀਨੀ ਬਣਾਉਣ ਲਈ ਕੀਤਾ ਗਿਆ ਹੈ ਉਪਰਾਲਾ

ਫ਼ਤਹਿਗੜ੍ਹ ਸਾਹਿਬ, 20 ਮਈ :

ਪੰਜਾਬ ਸਰਕਾਰ ਵੱਲੋਂ ਕੋਵਿਡ-19 ਦੇ ਮੱਦੇਨਜ਼ਰ ਸੂਬੇ ਦੇ ਲੋਕਾਂ ਨੂੰ ਨਿਰਵਿਘਨ ਸਿਹਤ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ, ਜਿਸ ਤਹਿਤ ਸੀ ਡੈਕ ਮੋਹਾਲੀ ਵੱਲੋਂ ਵਿਕਸਤ ਏਕੀਕ੍ਰਿਤ ਟੈਲੀਮੈਡੀਸਨਲ ਸਲਿਊਸ਼ਨ ਈ-ਸੰਜੀਵਨੀ ਆਨ ਲਾਈਨ ਓ.ਪੀ.ਡੀ.ਚਲਾਈ ਜਾ ਰਹੀ ਹੈ, ਜਿਸਦਾ ਲੋਕਾਂ ਨੂੰ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ। ਇਹ ਅਪੀਲ ਕਰਦਿਆਂ ਕਮਿਊਨਿਟੀ ਹੈਲਥ ਸੈਂਟਰ ਚਨਾਰਥਲ ਕਲਾਂ ਦੇ ਐਸ.ਐਮ.ਓ. ਡਾ. ਰਮਿੰਦਰ ਕੌਰ ਨੇ ਦੱਸਿਆ ਕਿ ਲੋਕਾਂ ਨੂੰ ਇਸ ਬਾਰੇ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਸਹੂਲਤ ਬਾਰੇ ਬਹੁਪੱਖੀ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸੇਵਾ ਦੇ ਰੂਪ ਦੇ ਵਿੱਚ ਲੋਕਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਮਾਹਿਰ ਡਾਕਟਰਾਂ ਦੇ ਨੈਟਵਰਕ ਨਾਲ ਜੁੜਨ ਅਤੇ ਘਰ ਬੈਠੇ ਹੀ ਸਿਹਤ ਸਬੰਧੀ ਸਮੱਸਿਆਵਾਂ ਲਈ ਡਾਕਟਰੀ ਇਲਾਜ ਦੀ ਸਹੂਲਤ ਲੈਣ ਲਈ ਮੰਚ ਪ੍ਰਦਾਨ ਕੀਤਾ ਗਿਆ ਹੈ।

ਡਾ. ਰਮਿੰਦਰ ਕੌਰ ਨੇ ਦੱਸਿਆ ਕਿ ਇਸ ਦੀ ਵਰਤੋਂ ਲਈ ਕੈਮਰੇ ਸਮੇਤ ਲੈਪਟੌਪ/ਪੀ.ਸੀ., ਮਾਈਕ, ਸਪੀਕਰ ਤੇ ਇੰਟਰਨੈੱਟ (02 ਐਮਬੀਪੀਐਸ) ਹੋਣਾ ਲਾਜ਼ਮੀ ਹੈ। ਰਜਿਸਟਰੇਸ਼ਨ ਪ੍ਰਕਿਰਿਆ ਤਹਿਤ ਪਹਿਲਾਂ ਓਟੀਪੀ ਜ਼ਰੀਏ ਮੋਬਾਈਲ ਫੋਨ ਨੰਬਰ ਤਸਦੀਕ ਹੋਵੇਗਾ, ਉਸ ਉਪਰੰਤ ਨਵੇਂ ਮਰੀਜ਼ ਦੀ ਰਜਿਸਟਰੇਸ਼ਨ ਤਹਿਤ ਟੋਕਨ ਜਨਰੇਟ ਹੋਵੇਗਾ। ਨੋਟੀਫਿਕੇਸ਼ਨ ਪ੍ਰਾਪਤ ਹੋਣ ਤੋਂ ਬਾਅਦ ਲੌਗ-ਇਨ ਕੀਤਾ ਜਾ ਸਕੇਗਾ। ਇਸ ਉਪਰੰਤ ਵਾਰੀ ਮੁਤਾਬਕ ਡਾਕਟਰੀ ਸਲਾਹ ਮਿਲੇਗੀ ਤੇ ਅਖੀਰ ਵਿੱਚ ਡਾਕਟਰੀ ਸਲਾਹ ਦੀ ਈ-ਪਰਚੀ ਡਾਊਨਲੋਡ ਹੋਵੇਗੀ। ਉਨ੍ਹਾਂ ਦੱਸਿਆ ਕਿ ਸੋਮਵਾਰ ਤੋਂ ਸਨਿੱਚਰਵਾਰ ਸਵੇਰੇ 10:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਇਸ ਸਹੂਲਤ ਦਾ ਲਾਭ ਲਿਆ ਜਾ ਸਕਦਾ ਹੈ, ਜਿਸ ਲਈ esanjeevaniopd.in 'ਤੇ ਰਜਿਸਟਰ ਹੋਣਾ ਲਾਜ਼ਮੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ’ਤੇ ਜਿੱਤ ਪ੍ਰਾਪਤ ਕਰਕੇ ਘਰ ਪਰਤੇ ਨੌਜਵਾਨ ਨੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਸਰਕਾਰ ਵੱਲੋਂ ਦਿੱਤੀਆਂ ਸਹੂਲਤਾਂ ’ਤੇ ਤਸੱਲੀ ਪ੍ਰਗਟਾਈ

ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਕਰਨ ਦੀ ਕੀਤੀ ਅਪੀਲ

ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਦੇ ਹੁਣ ਸਿਰਫ 02 ਐਕਟਿਵ ਕੇਸ

ਹੁਣ ਤੱਕ ਸਾਹਮਣੇ ਆਏ 56 ਕੇਸਾਂ ਵਿੱਚੋਂ 54 ਨੂੰ ਹਸਪਤਾਲ ਵਿਚੋਂ ਕੀਤਾ ਜਾ ਚੁੱਕਿਆ ਹੈ ਡਿਸਚਾਰਜ

ਫ਼ਤਹਿਗੜ੍ਹ ਸਾਹਿਬ, 20 ਮਈ :

ਕੋਵਿਡ-19 ਦੀ ਲਪੇਟ ਵਿੱਚ ਆਉਣ ਤੋਂ ਬਾਅਦ ਗਿਆਨ ਸਾਗਰ ਹਸਪਤਾਲ ਬਨੂੜ ਤੋਂ ਇਲਾਜ ਕਰਵਾ ਕੇ ਵਾਪਸ ਆਏ ਆਦਰਸ਼ ਨਗਰ ਸਰਹਿੰਦ ਦੇ ਵਾਸੀ ਗੁਰਜੀਤ ਸਿੰਘ ਨੇ ਇਲਾਜ ਅਤੇ ਇਕਾਂਤਵਾਸ ਸਬੰਧੀ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਸਹੂਲਤਾਂ ਤੇ ਤਸੱਲੀ ਪ੍ਰਗਟਾਉਂਦਿਆਂ ਸਰਕਾਰ ਦਾ ਧੰਨਵਾਦ ਕੀਤਾ ਹੈ। ਗੁਰਜੀਤ ਸਿੰਘ ਦਾ ਕਹਿਣਾ ਹੈ ਕਿ ਕੋਰੋਨਾ ਵਾਇਰਸ ਕਾਰਨ ਉਸ ਨੂੰ ਇਕਾਂਤਵਾਸ ਅਤੇ ਇਲਾਜ ਦੌਰਾਨ ਪੰਜਾਬ ਸਰਕਾਰ ਵੱਲੋਂ ਜੋ ਸਹੂਲਤਾਂ ਦਿੱਤੀਆਂ ਗਈਆਂ ਉਨ੍ਹਾਂ ਸਦਕਾ ਹੀ ਉਹ ਤੰਦਰੁਸਤ ਹੋ ਕੇ ਘਰ ਪਰਤਿਆ ਹੈ।

ਗੁਰਜੀਤ ਸਿੰਘ ਦਾ ਕਹਿਣਾ ਹੈ ਕਿ ਉਹ ਉਤਰ ਪ੍ਰਦੇਸ਼ ਵਿਖੇ ਕੰਬਾਇਨ ’ਤੇ ਕੰਮ ਕਰਨ ਲਈ ਗਿਆ ਸੀ ਅਤੇ ਵਾਪਸ ਆਉਣ ’ਤੇ ਉਸ ਨੂੰ ਇਕਾਂਤਵਾਸ ਕੀਤਾ ਗਿਆ ਤੇ ਉਸ ਦਾ ਸੈਂਪਲ ਲਿਆ ਗਿਆ। ਟੈਸਟ ਪੌਜੇਟਿਵ ਆਉਣ ਉਪਰੰਤ ਉਸ ਨੂੰ ਬਨੂੜ ਦੇ ਗਿਆਨ ਸਾਗਰ ਹਸਪਤਾਲ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ। ਜਿਥੇ ਬਹੁਤ ਹੀ ਵਧੀਆ ਢੰਗ ਨਾਲ ਉਸ ਦਾ ਇਲਾਜ ਕੀਤਾ ਗਿਆ ਅਤੇ ਉਸ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ। ਉਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆਂ ਸਹੂਲਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਹਮੇਸ਼ਾਂ ਇੱਕ ਦੂਜੇ ਤੋਂ ਦੂਰੀ ਬਣਾ ਕੇ ਰੱਖੀ ਜਾਵੇ ਅਤੇ ਆਪਣਾ ਮੂੰਹ ਰੁਮਾਲ ਜਾਂ ਮਾਸਕ ਨਾਲ ਢੱਕਿਆ ਜਾਵੇ।

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੋਰੋਨਾ ਪੀੜਤਾਂ ਦੀ ਗਿਣਤੀ 56 ਹੋ ਗਈ ਸੀ ਜਿਨ੍ਹਾਂ ਵਿੱਚੋਂ 54 ਨੂੰ ਹਸਪਤਾਲ ਵਿੱਚੋਂ ਡਿਸਚਾਰਜ ਕੀਤਾ ਜਾ ਚੁੱਕਿਆ ਹੈ ਅਤੇ ਜਿਲ੍ਹੇ ਵਿੱਚ ਕੋਰੋਨਾ ਦੇ 02 ਐਕਟਿਵ ਕੇਸ ਹਨ। ਉਨ੍ਹਾਂ ਦੱਸਿਆਂ ਕਿ ਜਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 2714 ਸੈਂਪਲ ਲਏ ਗਏ ਹਨ, ਜਿੰਨ੍ਹਾਂ ਵਿੱਚੋਂ 2425 ਨੈਗੇਟਿਵ ਆਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੋਵਿਡ-19 ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਆਪਣਾਉਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਸਮਾਜਿਕ ਵਿੱਥ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।

ਫੋਟੋ ਕੈਪਸਨ - (1) ਨੌਜਵਾਨ ਗੁਰਜੀਤ ਸਿੰਘ ਪੰਜਾਬ ਸਰਕਾਰ ਵੱਲੋਂ ਇਲਾਜ ਸਬੰਧੀ ਮੁਹੱਈਆ ਕਰਵਾਈਆਂ ਸਹੂਲਤਾਂ ਲਈ ਧੰਨਵਾਦ ਕਰਦਾ ਹੋਇਆ।

ਕੈਪਸ਼ਨ- (2) ਸਿਵਲ ਸਰਜਨ ਡਾ. ਐਨ.ਕੇ.ਅਗਰਵਾਲ ਕੋਰੋਨਾ ਵਾਇਰਸ ਸਬੰਧੀ ਕੇਸਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ ਜਾਰੀ ਕੀਤੇ 397 ਕਰੋੜ ਰੁਪਏ

ਮੰਡੀਆਂ ਵਿੱਚ ਹੁਣ ਤੱਕ 02 ਲੱਖ 19 ਹਜ਼ਾਰ 278 ਮੀਟਰਕ ਟਨ ਕਣਕ ਦੀ ਹੋਈ ਆਮਦ

ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 02 ਲੱਖ 18 ਹਜ਼ਾਰ 370 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ
ਮੰਡੀਆਂ ਵਿੱਚੋਂ 01 ਲੱਖ 83 ਹਜ਼ਾਰ 390 ਮੀਟਰਕ ਟਨ ਕਣਕ ਦੀ ਕਰਵਾਈ ਲਿਫਟਿੰਗ

ਮੰਡੀਆਂ ਵਿੱਚ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਪੁਖਤਾ ਪ੍ਰਬੰਧ

ਫ਼ਤਹਿਗੜ੍ਹ ਸਾਹਿਬ, 20 ਮਈ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 02 ਲੱਖ 19 ਹਜ਼ਾਰ 278 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 02 ਲੱਖ 18 ਹਜ਼ਾਰ 370 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 397 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਮੰਡੀਆਂ ਵਿੱਚੋਂ 01 ਲੱਖ 83 ਹਜ਼ਾਰ 390 ਮੀਟਰਕ ਟਨ ਕਣਕ ਦੀ ਲਿਫਟਿੰਗ ਕਰਵਾਈ ਜਾ ਚੁੱਕੀ ਹੈ।

ਸ਼੍ਰੀਮਤੀ ਗਿੱਲ ਨੇ ਹੋਰ ਦੱਸਿਆ ਕਿ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 43 ਹਜ਼ਾਰ 913 ਮੀਟਰਕ ਟਨ, ਮਾਰਕਫੈਡ ਵੱਲੋਂ 55 ਹਜ਼ਾਰ 625 ਮੀਟਰਕ ਟਨ, ਪਨਸਪ ਵੱਲੋਂ 49 ਹਜ਼ਾਰ 890 ਮੀਟਰਕ ਟਨ, ਵੇਅਰ ਹਾਊਸ ਵੱਲੋਂ 34 ਹਜ਼ਾਰ 600 ਮੀਟਰਕ ਟਨ,ਐਫ.ਸੀ.ਆਈ. ਵੱਲੋਂ 34 ਹਜ਼ਾਰ 159 ਮੀਟਰਕ ਟਨ ਤੇ ਵਪਾਰੀਆਂ ਵੱਲੋਂ 183 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਣਕ ਦੀ ਖਰੀਦ ਦੌਰਾਨ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਪੁਖਤਾ ਪ੍ਰਬੰਧ ਹਨ ਤੇ ਮੰਡੀਆਂ ਵਿੱਚ ਮਾਸਕ ਤੇ ਸਮਾਜਿਕ ਵਿੱਥ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ।

ਫੋਟੋ ਕੈਪਸ਼ਨ- ਕਣਕ ਦੀ ਖਰੀਦ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ।